# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 06-05-2025**

ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਉੱਚ ਪੱਧਰੀ ਮੀਟਿੰਗਾਂ ਦੀ ਲੜੀ ਵਿੱਚ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਨੇ ਅੱਜ ਨਵੀਂ ਦਿੱਲੀ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ । ਕੱਲ੍ਹ, ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕੀਤੀ ਸੀ । ਇਸ ਤੋਂ ਪਹਿਲਾਂ, ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਵੀ ਸ਼੍ਰੀ ਮੋਦੀ ਨਾਲ ਮੁਲਾਕਾਤ ਕੀਤੀ। ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ ਅਤੇ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ ਨਾਲ ਵੱਖ-ਵੱਖ ਮੀਟਿੰਗਾਂ ਕੀਤੀਆਂ ਗਈਆਂ ।

---------------------------------------------------------------

ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਕੱਲ੍ਹ ਹੋਣ ਵਾਲੇ ਸਿਵਲ ਡਿਫੈਂਸ ਮੌਕ ਡ੍ਰਿਲ 'ਤੇ ਰਾਜਾਂ ਦੇ ਮੁੱਖ ਸਕੱਤਰਾਂ ਨਾਲ ਮੀਟਿੰਗ ਕਰ ਰਹੇ ਨੇ। ਮਹਾਨਿਦੇਸ਼ਕ ਸਿਵਲ ਡਿਫੈਂਸ, ਮਹਾਨਿਦੇਸ਼ਕ ਨੈਸ਼ਨਲ ਡਿਜ਼ਾਸਟਰ

ਰਿਸਪਾਂਸ ਫੋਰਸ (ਐਨ.ਡੀ.ਆਰ.ਐਫ.) ਅਤੇ ਹੋਰ ਸੀਨੀਅਰ ਅਧਿਕਾਰੀ ਕੌਮੀ ਰਾਜਧਾਨੀ ਵਿੱਚ ਗ੍ਰਹਿ ਮੰਤਰਾਲੇ ਦੇ ਦਫ਼ਤਰ ਵਿੱਚ ਮੀਟਿੰਗ ਵਿੱਚ ਸ਼ਾਮਲ ਹੋ ਰਹੇ ਨੇ। ਕੱਲ੍ਹ, ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਿਵਲ ਡਿਫੈਂਸ ਤਿਆਰੀ ਦਾ ਮੁਲਾਂਕਣ ਕਰਨ ਲਈ ਮੌਕ ਡ੍ਰਿਲ ਕਰਨ ਲਈ ਕਿਹਾ ਸੀ। ਗ੍ਰਹਿ ਮੰਤਰਾਲੇ ਨੇ ਦੇਸ਼ ਦੇ 244 ਸ਼੍ਰੇਣੀਬੱਧ ਸਿਵਲ ਡਿਫੈਂਸ ਜ਼ਿਲ੍ਹਿਆਂ ਵਿੱਚ ਸਿਵਲ ਡਿਫੈਂਸ ਅਭਿਆਸ ਅਤੇ ਰਿਹਰਸਲ ਆਯੋਜਿਤ ਕਰਨ ਦਾ ਫੈਸਲਾ ਕੀਤਾ। ਇਸ ਅਭਿਆਸ ਦੇ ਸੰਚਾਲਨ ਦੀ ਯੋਜਨਾ ਪਿੰਡ ਪੱਧਰ ਤੱਕ ਬਣਾਈ ਗਈ ਏ। ਮੌਕ ਡ੍ਰਿਲ ਦਾ ਮੁੱਖ ਉਦੇਸ਼ ਹਵਾਈ ਹਮਲੇ ਦੀ ਚਿਤਾਵਨੀ ਪ੍ਰਣਾਲੀ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਕਰਨਾ, ਭਾਰਤੀ ਹਵਾਈ ਸੈਨਾ ਨਾਲ ਹੌਟਲਾਈਨ ਜਾਂ ਰੇਡੀਓ ਸੰਚਾਰ ਦੇ ਸੰਚਾਲਨ ਅਤੇ ਨਾਲ ਹੀ ਕੰਟਰੋਲ ਰੂਮਾਂ ਦੀ ਕਾਰਜਸ਼ੀਲਤਾ ਦੀ ਜਾਂਚ ਕਰਨਾ ਏ।

--------------------------------------------------

ਪੰਜਾਬ ਵਿੱਚ, ਡਾਇਰੈਕਟੋਰੇਟ ਆਫ਼ ਰੈਵੇਨਿਊ ਇੰਟੈਲੀਜੈਂਸ (ਡੀ.ਆਰ.ਆਈ.) ਨੇ ਬੀਤੀ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਤੋਂ ਇੱਕ ਨਿੱਜੀ ਏਅਰਲਾਈਨਜ਼ ਦੇ ਯਾਤਰੀ ਤੋਂ 2 ਕਰੋੜ 66 ਲੱਖ ਰੁਪਏ ਦੀ ਵਿਦੇਸ਼ੀ ਕਰੰਸੀ ਜ਼ਬਤ ਕੀਤੀ ਏ।

ਦੁਬਈ ਜਾਣ ਵਾਲੇ ਇਸ ਯਾਤਰੀ ਨੇ ਆਪਣੇ ਸਾਮਾਨ ਵਿੱਚ 11 ਕਿਸਮਾਂ ਦੀ ਵਿਦੇਸ਼ੀ ਕਰੰਸੀ ਲੁਕਾ ਕੇ ਰੱਖੀ ਸੀ। ਮਾਮਲੇ ਦੀ ਹੋਰ ਜਾਂਚ ਜਾਰੀ ਏ ।

------------------------------------------------------

-ਪੰਜਾਬ ਪੁਲਿਸ ਅਤੇ ਕੇਂਦਰੀ ਏਜੰਸੀਆਂ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਹਥਿਆਰਾਂ ਅਤੇ ਗੋਲਾ ਬਾਰੂਦ ਦਾ ਵੱਡਾ ਜ਼ਖੀਰਾ ਬਰਾਮਦ ਕੀਤਾ ਏ। ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਨੇ ਇੱਕ ਕੇਂਦਰੀ ਏਜੰਸੀ ਨਾਲ ਮਿਲ ਕੇ, ਐਸ.ਬੀ.ਐਸ. ਨਗਰ ਵਿੱਚ ਟਿੱਬਾ ਨੰਗਲ-ਕੁਲਾਰ ਰੋਡ ਦੇ ਨੇੜੇ ਇੱਕ ਜੰਗਲੀ ਖੇਤਰ ਤੋਂ ਇਹ ਹਥਿਆਰ ਬਰਾਮਦ ਕੀਤੇ ਨੇ । ਜ਼ਖੀਰੇ ਵਿੱਚ 2 ਗ੍ਰਨੇਡ ਲਾਂਚਰ, ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ.ਈ.ਡੀ.) ਅਤੇ ਹੈਂਡ ਗ੍ਰਨੇਡ ਸ਼ਾਮਲ ਨੇ । ਡੀਜੀਪੀ ਨੇ ਕਿਹਾ ਕਿ ਇਹ ਸਰਹੱਦ ਪਾਰਲੀ ਦਹਿਸ਼ਤਗਰਦੀ ਵਿਰੁੱਧ ਇੱਕ ਵੱਡੀ ਸਫਲਤਾ ਏ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਪਾਕਿਸਤਾਨ ਦੀ ਆਈ.ਐਸ.ਆਈ. ਅਤੇ ਸਹਿਯੋਗੀ ਦਹਿਸ਼ਤਗਰਦੀ ਸੰਗਠਨਾਂ ਦੁਆਰਾ ਪੰਜਾਬ ਵਿੱਚ ਸਲੀਪਰ ਸੈੱਲਾਂ ਨੂੰ ਮੁੜ ਸੁਰਜੀਤ ਕਰਨ ਦੀ ਇੱਕ ਤਾਲਮੇਲ ਵਾਲੀ

ਕੋਸ਼ਿਸ਼ ਦਾ ਸੰਕੇਤ ਦਿੰਦੀ ਏ। ਉਨ੍ਹਾਂ ਦੁਹਰਾਇਆ ਕਿ ਪੰਜਾਬ ਪੁਲਿਸ ਰਾਸ਼ਟਰੀ ਸੁਰੱਖਿਆ ਦੀ ਰਾਖੀ ਅਤੇ ਰਾਜ ਵਿੱਚ ਦਹਿਸ਼ਤਗਰਦੀ ਢਾਂਚੇ ਨੂੰ ਤਬਾਹ ਕਰਨ ਲਈ ਵਚਨਬੱਧ ਏ।

------------------------------------------------------------------

ਪੰਜਾਬ ਵਿਚ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੁਧਿਆਣਾ ਵਿਖੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਟਰਾਂਸਪੋਰਟ ਨਗਰ ਵਿਚ ਨਸ਼ਾ ਤਸਕਰ ਲਾਖਨ ਵੱਲੋਂ ਕਬਜਾ ਕਰ ਕੇ ਕੀਤੀ ਉਸਾਰੀ ਨੂੰ ਢਾਹ ਦਿਤਾ ਗਿਆ। ਇਹ ਮਕਾਨ ਨਗਰ ਨਿਗਮ ਦੀ ਜਗਾਂ 'ਤੇ ਨਾਜਾਇਜ਼ ਕਬਜ਼ਾ ਕਰਕੇ ਬਣਾਇਆ ਹੋਇਆ ਸੀ। ਇਸ ਮੌਕੇ ਨਗਰ ਨਿਗਮ ਲੁਧਿਆਣਾ ਤੋਂ ਸਹਾਇਕ ਨਗਰ ਯੋਜਨਾਕਾਰ ਜੋਨ-ਬੀ ਕੁਲਜੀਤ ਸਿੰਘ ਮਾਂਗਟ ਅਤੇ ਬਿਲਡਿੰਗ ਇੰਸਪੈਕਟਰ ਹਰਮਿੰਦਰ ਸਿੰਘ ਮੱਕੜ ਨੇ ਦੱਸਿਆ ਕਿ ਨਗਰ ਨਿਗਮ ਦੀ ਇਹ ਜਗ੍ਹਾ ਟਰਾਂਸਪੋਰਟ ਨਗਰ ਦੀ ਡਿਵੈਲਪਮੈਂਟ ਸਕੀਮ ਅਧੀਨ ਪੈਂਦੀ। ਇਹ ਜਗ੍ਹਾ ਗੱਡੀਆਂ ਦੀ ਪਾਰਕਿੰਗ ਵਾਸਤੇ ਛੱਡੀ ਗਈ ਸੀ ਜਿੱਥੇ ਨਸ਼ਾ ਤਸਕਰ ਲਾਖਨ ਨੇ ਨਜਾਇਜ਼ ਕਬਜ਼ਾ ਕਰਕੇ ਘਰ ਦੀ ਉਸਾਰੀ ਕੀਤੀ ਗਈ ਸੀ ਜਿਸ ਨੂੰ ਲੁਧਿਆਣਾ ਪੁਲਿਸ ਦੀ ਮਦਦ ਨਾਲ ਢਾਹਿਆ ਗਿਆ ਏ।

---

ਬੀਤੇ ਦਿਨੀਂ ਬਟਾਲਾ ਦੇ ਠਠਿਆਰਾ ਮੁਹੱਲਾ ਵਿਚ ਪੁਲਿਸ ਵਲੋਂ ਪੰਜ ਗੈਂਗਸਟਰਾਂ ਨੂੰ ਅਸਲੇ ਸਮੇਤ ਕਾਬੂ ਕੀਤਾ ਸੀ ਜਿਨ੍ਹਾਂ ਵਿਚੋਂ ਇੱਕ ਗੈਂਗਸਟਰ ਕੋਲੋਂ ਪੁੱਛਗਿੱਛ ਦੌਰਾਨ ਪਤਾ ਲੱਗਾ ਕੇ ਉਹਨਾਂ ਵਲੋਂ ਬਟਾਲਾ ਨਜ਼ਦੀਕ ਧਾਲੀਵਾਲ ਥਿੰਦ ਨਹਿਰ ਦੇ ਨਜ਼ਦੀਕ ਹੈਰੋਇਨ ਦੱਬੀ ਹੋਈ ਏ । ਪੁਲਿਸ ਜਦੋ ਉਸ ਨੂੰ ਲੈ ਕੇ ਉਕਤ ਜਗ੍ਹਾ ਤੇ ਪਹੁੰਚੀ ਤਾਂ ਉਥੇ ਉਸ ਨੇ ਹੈਰੋਇਨ ਦੀ ਜਗ੍ਹਾ ਪਿਸਤੌਲ ਛੁਪਾ ਰੱਖਿਆ ਸੀ ਅਤੇ ਉਸੇ ਪਿਸਤੌਲ ਨਾਲ ਉਸ ਨੇ ਪੁਲਿਸ ਪਾਰਟੀ ਤੇ ਫਾਇਰਿੰਗ ਕਰ ਦਿੱਤੀ। ਪੁਲਿਸ ਵਲੋਂ ਵੀ ਜਵਾਬੀ ਕਾਰਵਾਈ ਕਰਦੇ ਹੋਏ ਕੀਤੀ ਫਾਇਰਿੰਗ ਦੌਰਾਨ ਲੱਤ ਤੇ ਗੋਲੀ ਲੱਗਣ ਕਾਰਨ ਗੈਂਗਸਟਰ ਜ਼ਖਮੀ ਹੋ ਗਿਆ। ਇਸ ਸਬੰਧੀ ਐਸ.ਪੀ. ਗੁਰਪ੍ਰਤਾਪ ਸਿੰਘ ਨੇ ਦੱਸਿਆ ਕਿ ਇਹ ਪੰਜੇ ਗੈਂਗਸਟਰ ਕਈ ਗੋਲੀ ਕਾਂਡ ਸਮੇਤ ਦੂਸਰਿਆਂ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਿਲ ਨੇ ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿੱਚ ਦਰਜ ਸ਼ਿਕਾਇਤ ਤੋਂ ਬਾਅਦ ਅੰਮ੍ਰਿਤਸਰ ਵਿੱਚ ਇੱਕ ਸਰਕਾਰੀ ਮੁਲਾਜ਼ਮ ਨੂੰ ਗ੍ਰਿਫ਼ਤਾਰ ਕੀਤਾ ਏ। ਇਸ ਸਬੰਧੀ

ਜਾਣਕਾਰੀ ਦਿੰਦੇ ਹੋਏ, ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ (ਬੀਡੀਪੀਓ), ਵੇਰਕਾ ਬਲਾਕ, ਰਾਣੀ ਕਾ ਬਾਗ ਵਿਖੇ ਸੁਪਰਡੈਂਟ ਵਜੋਂ ਤਾਇਨਾਤ ਸਤਨਾਮ ਸਿੰਘ ਵਜੋਂ ਹੋਈ ਏ। ਉਸ ਨੇ ਪਿੰਡ ਨਬੀਪੁਰ, ਦੇ ਇੱਕ ਵਸਨੀਕ ਤੋਂ ਇੱਕ ਗਲੀ ਦੇ ਕਬਜ਼ੇ ਸਬੰਧੀ ਸ਼ਿਕਾਇਤ 'ਤੇ ਅਧਿਕਾਰਤ ਕਾਰਵਾਈ ਕਰਨ ਦੇ ਬਦਲੇ 60 ਹਜ਼ਾਰ ਰੁਪਏ ਦੀ ਰਿਸ਼ਵਤ ਮੰਗੀ ਸੀ । ਵਿਜੀਲੈਂਸ ਬਿਊਰੋ ਨੇ ਸਾਰੇ ਤੱਥਾਂ ਦੀ ਪੁਸ਼ਟੀ ਕਰ ਕੇ ਸਤਨਾਮ ਸਿੰਘ ਵਿਰੁੱਧ ਕੇਸ ਦਰਜ ਕਰ ਕੇ ਗ੍ਰਿਫ਼ਤਾਰ ਕਰ ਲਿਆ। ਮਾਮਲੇ ਦੀ ਵਧੇਰੇ ਜਾਂਚ ਜਾਰੀ ਏ।